# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 10-09-2024**

ਖਜਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਜੀਐਸਟੀ ਕੌਂਸਲ ਨੇ ਮੰਤਰੀਆਂ ਦੇ ਦੋ ਵੱਡੇ ਸਮੂਹ ਬਣਾਉਣ ਦਾ ਫੈਸਲਾ ਕੀਤਾ ਗਿਆ ਏ। ਉਹ ਕੱਲ੍ਹ ਨਵੀਂ ਦਿੱਲੀ ਵਿੱਚ ਹੋਈ ਜੀ ਐਸ ਟੀ ਕੌਂਸਲ ਦੀ 54ਵੀਂ ਮੀਟਿੰਗ ਤੋਂ ਬਾਅਦ ਬੋਲ ਰਹੇ ਸਨ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਚ ਇੱਕ ਸਮੂਹ ਮੈਡੀਕਲ ਅਤੇ ਜੀਵਨ ਬੀਮਾ ਦਰਾਂ ਨੂੰ ਤਰਕਸੰਗਤ ਬਣਾਉਣ ਲਈ ਕੰਮ ਕਰੇਗਾ ਅਤੇ ਦੂਜਾ ਮੁਆਵਜ਼ੇ ਦੇ ਸੈੱਸ ਲਈ ਇੱਕ ਢਾਂਚਾ ਤਿਆਰ ਕਰੇਗਾ। ਉਨ੍ਹਾਂ ਕਿਹਾ ਕਿ ਜੀ ਐਸ ਟੀ ਕੌਂਸਲ ਦੀ ਅਗਲੀ ਮੀਟਿੰਗ ਨਵੰਬਰ ਵਿੱਚ ਹੋਵੇਗੀ। ਜਿਸ ਵਿੱਚ ਸਿਹਤ ਅਤੇ ਜੀਵਨ ਬੀਮਾ ਨਾਲ ਸਬੰਧਤ ਮੰਤਰੀਆਂ ਦੇ ਨਵੇਂ ਸਮੂਹ ਦੀਆਂ ਸਿਫ਼ਾਰਸ਼ਾਂ 'ਤੇ ਵਿਚਾਰ ਕੀਤਾ ਜਾਵੇਗਾ। ਖਜਾਨਾ ਮੰਤਰੀ ਸੀਤਾਰਮਨ ਨੇ ਕਿਹਾ ਕਿ ਮੰਤਰੀਆਂ ਦਾ ਇਹ ਸਮੂਹ ਅਕਤੂਬਰ ਦੇ ਅੰਤ ਤੱਕ ਆਪਣੀ ਰਿਪੋਰਟ ਸੌਂਪੇਗਾ।

ਮੰਤਰੀ ਸਮੂਹ ਸੀਨੀਅਰ ਨਾਗਰਿਕਾਂ, ਜੀਵਨ ਬੀਮਾ, ਮਿਆਦੀ ਜੀਵਨ ਬੀਮਾ, ਸਮੂਹ ਬੀਮਾ ਆਦਿ ਨਾਲ ਸਬੰਧਤ ਬੀਮਾ ਮਾਮਲਿਆਂ 'ਤੇ ਵੀ ਵਿਚਾਰ ਕਰੇਗਾ।

---------------------------------------------------------

ਪੰਜਾਬ ਸਰਕਾਰ ਵੱਲੋਂ ਚਾਲੂ ਵਿੱਤੀ ਸਾਲ ਲਈ 10 ਹਜਾਰ ਕਰੋੜ ਰੁਪਏ ਦੀ ਵਾਧੂ ਉਧਾਰ ਸੀਮਾ ਦੀ ਮੰਗ ਕੀਤੇ ਜਾਣ ਤੋਂ ਬਾਅਦ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਇਸਦੀ ਜ਼ੋਰਦਾਰ ਵਕਾਲਤ ਕੀਤੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸੂਬੇ ਨੂੰ ਦਰਪੇਸ਼ ਗੰਭੀਰ ਆਰਥਿਕ ਸੰਕਟ ਨਾਲ ਨਜਿੱਠਣ ਲਈ ਸਰਬ ਪਾਰਟੀ ਮੀਟਿੰਗ ਬੁਲਾਉਣੀ ਚਾਹੀਦੀ ਏ। ਇੱਕ ਖ਼ਬਰ ਦਾ ਹਵਾਲਾ ਦਿੰਦੇ ਹੋਏ ਬਾਜਵਾ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਕੇਂਦਰੀ ਖਜਾਨਾ ਮੰਤਰੀ ਨੂੰ ਪੱਤਰ ਭੇਜ ਕੇ ਇਸ ਵਿੱਤੀ ਸਾਲ ਲਈ ਉਧਾਰ ਲੈਣ ਦੀ ਉਧਾਰ ਸੀਮਾ ਵਧਾਉਣ ਦੀ ਮੰਗ ਕੀਤੀ ਏ। ਉਨ੍ਹਾਂ ਇਲਜਾਮ ਲਗਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਢਾਈ ਸਾਲਾਂ ਦੇ ਸ਼ਾਸਨ ਕਾਲ ਦੌਰਾਨ ਪੈਦਾ ਹੋਏ ਆਰਥਿਕ ਸੰਕਟ ਦਾ ਖ਼ਮਿਆਜ਼ਾ ਹਰ ਪੰਜਾਬੀ ਨੂੰ ਝੱਲਣਾ ਪੈ ਰਿਹਾ ਏ।

ਸੀਨੀਅਰ ਕਾਂਗਰਸੀ ਆਗੂ ਬਾਜਵਾ ਨੇ ਕਿਹਾ ਕਿ  ਸਰਕਾਰ ਨੇ ਹਾਲ ਹੀ ਵਿੱਚ ਪੈਟਰੋਲ ਅਤੇ ਡੀਜ਼ਲ 'ਤੇ ਵੈਟ ਵਧਾ ਦਿੱਤਾ ਏ। ਇਸ ਤੋਂ ਪਹਿਲਾਂ 'ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੋਟਰ ਵਾਹਨ ਟੈਕਸ 'ਚ ਵਾਧਾ ਕੀਤਾ ਸੀ। ਇਸ ਨੇ ਜਾਇਦਾਦ ਦੀ ਰਜਿਸਟ੍ਰੇਸ਼ਨ ਲਈ ਕੁਲੈਕਟਰ ਰੇਟ ਵੀ ਵਧਾਏ। ਬਾਜਵਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੇਂਡੂ ਵਿਕਾਸ ਫ਼ੰਡਾਂ, ਰਾਸ਼ਟਰੀ ਸਿਹਤ ਮਿਸ਼ਨ ਅਤੇ ਸਰਵ ਸਿੱਖਿਆ ਅਭਿਆਨ ਤਹਿਤ ਕਰੋੜਾਂ ਰੁਪਏ ਪਹਿਲਾਂ ਹੀ ਰੋਕੇ ਜਾ ਚੁੱਕੇ ਨੇ।

------------------------------------------------------------

ਪਿਛਲੇ ਹਫਤੇ ਜਲੰਧਰ ਤੋਂ ਅਗਵਾ ਹੋਈ ਤੇ ਦਿੱਲੀ ਵਿਚ ਬੇਹੋਸ਼ ਮਿਲੀ ਪੀੜਤ ਲੜਕੀ ਦਾ ਭਾਰਤੀ ਜਨਤਾ ਪਾਰਟੀ ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਨੇ ਹਸਪਤਾਲ ਜਾ ਕੇ ਹਾਲਚਾਲ ਜਾਣਿਆ ਏ। ਇਸ ਤੋਂ ਇਲਾਵਾ ਉਨ੍ਹਾਂ ਲੜਕੀ ਦੇ ਪਰਿਵਾਰ ਨਾਲ ਵੀ ਮੁਲਾਕਾਤ ਕੀਤੀ। ਇਸ ਮੌਕੇ ਬੀ ਜੇ ਪੀ ਪ੍ਰਧਾਨ ਨੇ ਕਿਹਾ ਕਿ ਡਾਕ ਵਿਭਾਗ ਵਿੱਚ ਕੰਮ ਕਰਦੀ ਉਕਤ ਲੜਕੀ ਨੂੰ ਸ਼ੱਕੀ ਹਾਲਤ ਵਿੱਚ ਅਗਵਾ ਕਰ ਲਿਆ ਗਿਆ ਸੀ ਅਤੇ ਉਸ ਨੂੰ ਦਿੱਲੀ ਤੋਂ ਲਿਆਂਦਾ ਗਿਆ ਏ। ਲੜਕੀ ਗੰਭੀਰ ਸਥਿਤੀ ਵਿੱਚ ਇਲਾਜ

ਲਈ ਹਸਪਤਾਲ ਭਰਤੀ ਏ। ਉਨਾਂ ਕਿਹਾ ਕਿ ਬੇਸੁਧ ਲੜਕੀ ਦੀ ਹਾਲਤ ਵਿੱਚ ਸੁਧਾਰ ਹੋ ਰਿਹਾ ਏ ਪਰ ਹਾਲੇ ਵੀ ਉਹ ਬਿਆਨ ਦੇਣ ਦੀ ਹਾਲਤ ਵਿੱਚ ਨਹੀਂ ਏ। ਇਸ ਮੌਕੇ ਉਨਾਂ ਨੇ ਕਿਹਾ ਕਿ ਪੀੜਤਾਂ ਨੂੰ ਇਨਸਾਫ ਮਿਲਣਾ ਚਾਹੀਦਾ ਏ ਅਤੇ ਪੁਲਿਸ ਨੂੰ ਇਸਦੀ ਜਾਂਚ ਵਿਚ ਤੇਜੀ ਲਿਆਉਣੀ ਚਾਹੀਦੀ ਏ। ਇਸ ਮੌਕੇ ਬੀ ਜੇ ਪੀ ਦੇ ਪੰਜਾਬ ਪ੍ਰਧਾਨ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਇਸ ਵਿਸ਼ੇ ਤੇ ਰਾਜਨੀਤੀ ਨਹੀਂ ਕਰਨਾ ਚਾਹੁੰਦੀ ਪਰ ਪੰਜਾਬ ਦੇ ਮੁੱਖ ਮੰਤਰੀ ਨੂੰ ਇਸ ਤਰ੍ਹਾਂ ਦੇ ਮਾੜੇ ਅਨਸਰਾ ਖਿਲਾਫ ਸਖਤ ਕਾਰਵਾਈ ਕਰਨੀ ਚਾਹੀਦੀ ਏ। ਉਹਨਾਂ ਨੇ ਕਿਹਾ ਕਿ ਪੰਜਾਬ ਗੈਂਗਸਟਰਾਂ ਲਈ ਸੁਰੱਖਿਤ ਇਲਾਕਾ ਬਣਦਾ ਜਾ ਰਿਹਾ ਏ ਅਤੇ ਪੰਜਾਬ ਵਿਚ ਕਾਨੂੰਨ ਪ੍ਰਬੰਧ ਵਿਗੜ ਰਿਹਾ ਏ। ਉਹਨਾਂ ਕਿਹਾ ਕਿ ਜੇਕਰ ਕਿਸੇ ਨੇ ਵੀ ਦੋਸ਼ੀਆਂ ਦੀ ਪੁਸ਼ਤ ਪਨਾਹੀ ਕੀਤੀ ਤਾਂ ਇਹ ਸਹਿਣ ਨਹੀਂ ਕੀਤਾ ਜਾਵੇਗਾ।

---------------------------------------------------------

ਪੰਜਾਬ ਪੁਲਿਸ ਵੱਲੋਂ ਕੱਲ੍ਹ ਇੱਕ ਵਿਸ਼ੇਸ਼ ਆਪ੍ਰੇਸ਼ਨ ‘ਆਪ੍ਰੇਸ਼ਨ ਸੀਲ-8’ ਚਲਾਇਆ ਗਿਆ। ਇਸ ਆਪ੍ਰੇਸ਼ਨ ਦਾ ਉਦੇਸ਼ ਸਰਹੱਦੀ ਸੂਬੇ ਪੰਜਾਬ

ਵਿੱਚ ਦਾਖਲ ਹੋਣ ਜਾਂ ਬਾਹਰ ਜਾਣ ਵਾਲੇ ਸਾਰੇ ਵਾਹਨਾਂ ਦੀ ਚੈਕਿੰਗ ਕਰਕੇ ਨਸ਼ਾ ਤਸਕਰੀ ਅਤੇ ਸ਼ਰਾਬ ਤਸਕਰੀ ’ਤੇ ਨਕੇਲ ਕੱਸਣਾ ਸੀ। ਇਸਦੇ ਨਾਲ ਹੀ ਹਰਿਆਣਾ ਅਤੇ ਜੰਮੂ-ਕਸ਼ਮੀਰ ਦੀਆਂ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਗੈਂਗਸਟਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਦੀ ਹਰਕਤ ’ਤੇ ਨਜ਼ਰ ਵੀ ਰੱਖੀ ਜਾ ਰਹੀ ਏ। ਇਹ ਆਪ੍ਰੇਸ਼ਨ ਪੰਜਾਬ ਦੇ ਪੁਲਿਸ ਮੁਖੀ ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਸਵੇਰੇ 6 ਵਜੇ ਤੋਂ ਦੁਪਹਿਰ 2 ਵਜੇ ਤੱਕ ਚਲਾਇਆ ਗਿਆ। ਇਸ ਦੌਰਾਨ ਸਰਹੱਦੀ ਜਿਲ੍ਹਿਆਂ ਦੇ ਸਾਰੇ ਐਸ ਐਸ ਪੀਜ਼ ਨੂੰ ਸਬੰਧਤ ਜਿਲ੍ਹਿਆਂ ਦੀਆਂ ਵਿਸ਼ੇਸ਼ ਥਾਵਾਂ ’ਤੇ ਸਾਂਝੇ ਨਾਕਾ ਆਪ੍ਰੇਸ਼ਨ ਚਲਾਉਣ ਦੇ ਨਿਰਦੇਸ਼ ਦਿੱਤੇ ਗਏ ਸੀ। ਉਨ੍ਹਾਂ ਦੱਸਿਆ ਕਿ 10 ਜਿਲ੍ਹਿਆਂ ਦੇ ਲਗਭਗ 92 ਦਾਖਿਲ ਹੋਣ ਤੇ ਬਾਹਰ ਜਾਣ ਵਾਲੇ ਰਸਤਿਆਂ ਉਤੇ 1 ਹਜਾਰ ਤੋਂ ਵੱਧ ਪੁਲਿਸ ਕਰਮੀਆਂ ਦੀ ਨਫ਼ਰੀ ਵਿੱਚ ਨਾਕੇ ਲਗਾਏ ਗਏ। ਇਨ੍ਹਾਂ ਵਿਚ ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਰੋਪੜ, ਐਸਏਐਸ ਨਗਰ, ਪਟਿਆਲਾ, ਸੰਗਰੂਰ, ਮਾਨਸਾ, ਹੁਸ਼ਿਆਰਪੁਰ ਅਤੇ ਬਠਿੰਡਾ ਸ਼ਾਮਲ ਨੇ। ਇਸ ਦੌਰਾਨ 4 ਹਜਾਰ 245 ਵਾਹਨਾਂ ਦੀ ਚੈਕਿੰਗ ਕੀਤੀ

ਗਈ, ਜਿਨ੍ਹਾਂ ਵਿੱਚੋਂ 293 ਦੇ ਚਲਾਨ ਕੀਤੇ ਗਏ ਅਤੇ 16 ਨੂੰ ਜ਼ਬਤ ਕੀਤਾ ਗਿਆ। ਪੁਲਿਸ ਨੇ 27 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ 26 ਐਫ ਆਈ ਆਰਜ਼ ਵੀ ਦਰਜ ਕੀਤੀਆਂ ਨੇ।

---------------------------------------------------------

ਅਕਾਦਮਿਕ ਉੱਤਮਤਾ ਅਤੇ ਨਵੀਨਤਾ ਲਈ ਆਪਣੀ ਵਚਨਬੱਧਤਾ ਲਈ ਪ੍ਰਸਿੱਧ ਸੰਸਥਾ ਮੰਡੀ ਗੋਬਿੰਦਗੜ੍ਹ ਵਿਖੇ ਦੇਸ਼ ਭਗਤ ਯੂਨੀਵਰਸਿਟੀ ਨੇ ਆਲ ਇੰਡੀਆ ਪ੍ਰਿੰਸੀਪਲਜ਼ ਐਸੋਸੀਏਸ਼ਨ ਮੀਟਿੰਗ ਦੀ ਮੇਜ਼ਬਾਨੀ ਕੀਤੀ ਗਏ ਏ। ਇਸ ਇਤਿਹਾਸਕ ਘਟਨਾ ਨੇ ਭਾਰਤ ਵਿੱਚ ਸਿੱਖਿਆ ਦੇ ਭਵਿੱਖ ਬਾਰੇ ਵਿਚਾਰ ਵਟਾਂਦਰਾ ਕਰਨ, ਸਹਿਯੋਗ ਕਰਨ ਅਤੇ ਰਣਨੀਤੀ ਬਣਾਉਣ ਲਈ ਦੇਸ਼ ਭਰ ਦੇ ਵਿਦਿਅਕ ਨੇਤਾਵਾਂ ਨੂੰ ਇਕ ਥਾਂ ਇਕੱਠਾ ਕੀਤਾ। ਯੂਨੀਵਰਸਿਟੀ ਦੇ ਅਤਿ-ਆਧੁਨਿਕ ਮਹਾਪ੍ਰਗਿਆ ਹਾਲ ਵਿੱਚ ਕਰਵਾਈ ਗਈ ਇਸ ਕਾਨਫਰੰਸ ਵਿੱਚ ਵਿਦਿਅਕ ਸੰਸਥਾਵਾਂ ਨੂੰ ਦਰਪੇਸ਼ ਚੁਣੌਤੀਆਂ ਅਤੇ ਇਨ੍ਹਾਂ ਨੂੰ ਹੱਲ  ਕਰਨ ਲਈ ਵੱਖ-ਵੱਖ ਸੈਸ਼ਨਾਂ ਵਿੱਚ ਵਿਚਾਰਿਆ ਗਿਆ। ਇਸ ਦੇ ਏਜੰਡੇ ਵਿੱਚ ਸਿੱਖਿਆ ਵਿੱਚ ਪ੍ਰਮੁੱਖ ਸ਼ਖਸੀਅਤਾਂ ਦੇ ਮੁੱਖ ਭਾਸ਼ਣ, ਡਿਜੀਟਲ ਪਰਿਵਰਤਨ, ਸਮਾਵੇਸ਼ ਅਤੇ

ਸਿੱਖਿਆ ਸ਼ਾਸਤਰ ਵਰਗੇ ਮੁੱਖ ਮੁੱਦਿਆਂ 'ਤੇ ਪੈਨਲ ਚਰਚਾ ਅਤੇ ਸਕੂਲ ਪ੍ਰਬੰਧਨ ਵਿੱਚ ਨਵੀਨਤਾਕਾਰੀ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਇੰਟਰਐਕਟਿਵ ਵਰਕਸ਼ਾਪਾਂ ਸ਼ਾਮਲ ਸੀ। ਸਮਾਗਮ ਦੌਰਾਨ ਆਲ ਇੰਡੀਆ ਪ੍ਰਿੰਸੀਪਲਜ਼ ਐਸੋਸੀਏਸ਼ਨ ਦੇ ਪ੍ਰਧਾਨ ਡਾ: ਨਵਦੀਪ ਭਾਰਦਵਾਜ ਅਤੇ ਸੰਜੀਵ ਜਿੰਦਲ ਨੇ ਸਿੱਖਿਆ ਵਿੱਚ ਤਕਨਾਲੋਜੀ ਦੇ ਏਕੀਕਰਣ, ਵਿਦਿਆਰਥੀਆਂ ਦੀ ਸ਼ਮੂਲੀਅਤ ਨੂੰ ਵਧਾਉਣਾ ਅਤੇ ਲਚਕੀਲੇ ਵਿਦਿਅਕ ਭਾਈਚਾਰਿਆਂ ਦਾ ਨਿਰਮਾਣ ਕਰਨ ਤੇ ਚਰਚਾ ਕੀਤੀ ਏ।

---------------------------------------------------------

ਮੋਹਾਲੀ, ਪਟਿਆਲ਼ਾ ਤੇ ਫਤਹਿਗੜ੍ਹ ਸਾਹਿਬ ਜ਼ਿਲ੍ਹਿਆਂ ‘ਚ ਅੱਜ ਸਵੇਰੇ ਪਏ ਮੀਂਹ ਨੇ ਮੌਸਮ ਖੁਸ਼ਗਵਾਰ ਕਰ ਦਿਤਾ ਏ। ਪਿਛਲੇ ਕੁਝ ਦਿਨਾਂ ਤੋਂ ਮੀਂਹ ਘੱਟ ਪੈਣ ਕਾਰਨ ਤਾਪਮਾਨ ਵਧ ਰਿਹਾ ਏ ਨਮੀ ਘੱਟ ਗਈ ਏ। ਚੰਡੀਗੜ੍ਹ ਸਮੇਤ ਕਈ ਸ਼ਹਿਰਾਂ ਵਿੱਚ ਤਾਪਮਾਨ ਇੱਕ ਵਾਰ ਫਿਰ 35 ਡਿਗਰੀ ਨੂੰ ਪਾਰ ਕਰ ਗਿਆ ਏ। ਅੱਜ ਪੰਜਾਬ ਦੇ 6 ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ,

ਪਟਿਆਲ਼ਾ ਅਤੇ ਮੋਹਾਲੀ ਵਿੱਚ ਬਾਰਿਸ਼ ਹੋਣ ਦੀ ਸੰਭਾਵਨਾ ਏ। ਜਦੋਂ ਕਿ ਸੂਬੇ ਦਾ ਬਾਕੀ ਹਿੱਸਾ ਸੁੱਕਾ ਰਹਿਣ ਦੀ ਸੰਭਾਵਨਾ ਏ। ਇਸ ਦੇ ਨਾਲ ਹੀ ਚੰਡੀਗੜ੍ਹ 'ਚ ਵੀ ਮੀਂਹ ਪੈ ਸਕਦਾ ਏ।

---------------------------------------------------------

ਮੌਜੂਦਾ ਚੈਂਪੀਅਨ ਭਾਰਤ ਨੇ ਕੱਲ੍ਹ ਚੀਨ ਦੇ ਹੁਲੁਨ ਬੀਰ ਵਿੱਚ ਮਰਦ ਏਸ਼ਿਆਈ ਚੈਂਪੀਅਨਜ਼ ਟਰਾਫੀ ਟੂਰਨਾਮੈਂਟ ਦੇ ਆਪਣੇ ਦੂਜੇ ਮੈਚ ਵਿੱਚ ਜਾਪਾਨ ਨੂੰ 5-1 ਨਾਲ ਹਰਾਇਆ। ਭਾਰਤ ਲਈ ਸੁਖਜੀਤ ਸਿੰਘ ਨੇ ਦੋ ਅਤੇ ਅਭਿਸ਼ੇਕ, ਸੰਜੇ ਅਤੇ ਉੱਤਮ ਸਿੰਘ ਨੇ ਇੱਕ-ਇੱਕ ਗੋਲ ਕੀਤਾ। ਜਾਪਾਨ ਲਈ ਇਕਮਾਤਰ ਗੋਲ ਮਾਤਸੁ ਮੋਟੋ ਕਾਜ਼ੁ ਮਾਸਾ  ਨੇ  ਕੀਤਾ।